ਮਾਨਸਾ
ਅਜੀਤ ਬਠਿੰਡਾ
ਅਜੀਤ
ਸੋਮਵਾਰ, 20 ਅਕਤੂਬਰ 2025





ਦੀਵਾਲੀ ਤਿਉਹਾਰ ਦੇ ਮੱਦੇਨਜ਼ਰ ਮਾਨਸਾ ਸ਼ਹਿਰ ਦੇ ਬਾਜ਼ਾਰ 'ਚ ਗਹਿਮਾ-ਗਹਿਮੀ (ਸੱਜੇ) ਇਕ ਦੁਕਾਨ 'ਤੇ ਸਜਾਏ ਗਏ ਪਟਾਕੇ। ਤਸਵੀਰਾਂ : ਸੇਮੀ ਮਾਨਸਾ

# ਦੀਵਾਲੀ ਦੇ ਮੱਦੇਨਜ਼ਰ ਮਾਨਸਾ ਸ਼ਹਿਰ ਦੇ ਬਾਜ਼ਾਰਾਂ 'ਚ ਗਹਿਮਾ-ਗਹਿਮੀ ਰਹੀ

*** ਪ੍ਰਸ਼ਾਸਨ ਦੇ ਹੁਕਮਾਂ ਦੀ ਦੁਕਾਨਦਾਰ ਨਹੀਂ ਕਰ ਰਹੇ ਪ੍ਰਵਾਹ * ਦੀਵਾਲੀ ਮਨਾਉਣ ਪ੍ਰਤੀ ਲੋਕਾਂ 'ਚ ਭੰਬਲਭੂਸਾ**

ਮਾਨਸਾ, 19 ਅਕਤੂਬਰ (ਬਲਵਿੰਦਰ ਸਿੰਘ ਧਾਲੀਵਾਲ, ਰਾਵਿੰਦਰ ਸਿੰਘ ਰਵੀ)- ਰੌਸ਼ਨੀਆਂ ਦੇ ਤਿਉਹਾਰ ਦੀਵਾਲੀ ਦੇ ਮੱਦੇਨਜ਼ਰ ਸਥਾਨਕ ਸ਼ਹਿਰ ਦੇ ਬਾਜ਼ਾਰਾਂ 'ਚ ਗਹਿਮਾ ਗਹਿਮੀ ਵੇਖਣ ਨੂੰ ਮਿਲੀ। ਭਾਵੇਂ ਪਿਛਲੇ ਕਈ ਦਿਨਾਂ ਤੋਂ ਰੌਣਕ ਫਿੱਕੀ ਸੀ ਪਰ ਅੱਜ ਦੁਕਾਨਦਾਰਾਂ ਦੇ ਚਿਹਰੇ ਖਿੜੇ ਹੋਏ ਸਨ। ਅੱਜ ਸ਼ਹਿਰ ਦਾ ਦੌਰਾ ਕਰਨ 'ਤੇ ਵੇਖਿਆ ਗਿਆ ਕਿ ਮਨਿਆਰੀ ਵਾਲੀਆਂ ਦੁਕਾਨਾਂ 'ਤੇ ਖ਼ੂਬ ਭੀੜ ਲੱਗੀ ਸੀ ਜਦਕਿ ਮਠਿਆਈਆਂ ਦੀ ਖ਼ਰੀਦਦਾਰੀ ਘੱਟ ਸੀ। ਦੁਪਹਿਰ ਤੋਂ ਬੱਸ ਸਟੈਂਡ ਤੋਂ ਰੇਲਵੇ ਫਾਟਕ ਤੱਕ ਅਤੇ ਗਊਸ਼ਾਲਾ ਰੋਡ 'ਤੇ ਏਨੀ ਜ਼ਿਆਦਾ ਭੀੜ ਸੀ ਕਿ ਵਾਹਨ ਲੰਘਾਉਣੇ ਵੀ ਔਖੇ ਸਨ। ਭਾਵੇਂ ਪ੍ਰਸ਼ਾਸਨ ਵਲੋਂ ਪਟਾਕੇ ਵੇਚਣ ਲਈ ਥਾਂ ਨਿਸ਼ਚਿਤ ਕੀਤੀ ਹੋਈ ਹੈ ਪਰ ਦੁਕਾਨਦਾਰ ਦੁਕਾਨਾਂ ਅੰਦਰ ਹੀ ਵੱਡੇ ਪਟਾਕੇ ਵੇਚਦੇ ਵੇਖੇ ਗਏ ਜਦਕਿ ਬਹੁਤਿਆਂ ਨੇ ਦੁਕਾਨਾਂ ਦੇ ਬਾਹਰ ਸਟਾਲਾਂ ਵੀ ਲਗਾਈਆਂ ਹੋਈਆਂ ਸਨ। ਇਸੇ ਤਰ੍ਹਾਂ ਮਿਠਾਈ ਵਿਕਰੇਤਾ ਵੀ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਸਨ। ਵਸਤਾਂ ਢਕੀਆਂ ਨਹੀਂ ਸਨ ਅਤੇ ਮਠਿਆਈਆਂ 'ਤੇ ਮੱਖੀਆਂ ਭਿਣਕ ਰਹੀਆਂ ਸਨ। ਲੋਕਾਂ ਵਲੋਂ ਅੱਜ ਹੀ ਘਰਾਂ ਤੇ ਦੁਕਾਨਾਂ ਆਦਿ 'ਤੇ ਦੀਪ ਮਾਲਾ ਕਰ ਦਿੱਤੀਆਂ ਗਈਆਂ ਹਨ। ਲੋਕੀ ਮਠਿਆਈਆਂ ਦੀ ਬਜਾਏ ਫਰੂਟ ਤੇ ਸੁੱਕੇ ਮੇਵੇ ਖ਼ਰੀਦਣ ਨੂੰ ਤਰਜੀਹ ਦੇ ਰਹੇ ਹਨ।

### ਜ਼ਿਆਦਾਤਰ ਕਿਸਾਨ ਖ਼ਰੀਦ ਕੇਂਦਰਾਂ 'ਚ ਮਨਾਉਣਗੇ ਦੀਵਾਲੀ

-ਪਿਛਲੇ ਕਈ ਦਿਨਾਂ ਤੋਂ ਝੋਨੇ ਦੀ ਕਟਾਈ ਜ਼ੋਰਾਂ 'ਤੇ ਹੈ ਅਤੇ ਜ਼ਿਲ੍ਹੇ ਦੇ ਕਾਫ਼ੀ ਖ਼ਰੀਦ ਕੇਂਦਰਾਂ 'ਚ ਫ਼ਸਲ ਦੀ ਆਮਦ ਹੋ ਚੁੱਕੀ ਹੈ। ਪੰਜਾਬ ਸਰਕਾਰ ਵਲੋਂ ਨਮੀ ਦੀ ਮਾਤਰਾ 17 ਫ਼ੀਸਦੀ ਮਿਥੀ ਹੋਈ ਹੈ ਜਦਕਿ ਮੰਡੀਆਂ 'ਚ ਆਏ ਝੋਨੇ ਦੀ ਨਮੀ ਇਸ ਤੋਂ ਕਿਤੇ ਵੱਧ ਹੈ, ਜਿਸ ਕਰਕੇ ਬਹੁਤੀਆਂ ਢੇਰੀਆਂ ਦੀ ਖ਼ਰੀਦ ਨਹੀਂ ਹੋਈ। ਇਸ ਕਰਕੇ ਜ਼ਿਆਦਾਤਰ ਕਿਸਾਨ ਖ਼ਰੀਦ ਕੇਂਦਰਾਂ 'ਚ ਹੀ ਦੀਵਾਲੀ ਮਨਾਉਣਗੇ। ਕਿਸਾਨਾਂ ਨੇ ਦੱਸਿਆ ਕਿ ਹੜ੍ਹਾਂ ਕਾਰਨ ਐਤਕੀਂ ਝਾੜ ਵੀ ਘਟਿਆ ਹੈ। ਉਨ੍ਹਾਂ ਮੰਗ ਕੀਤੀ ਹੈ ਕਿ ਨਮੀ ਦੀ ਮਾਤਰਾ 17 ਤੋਂ ਵਧਾ ਕੇ 20 ਫ਼ੀਸਦੀ ਕੀਤੀ ਜਾਵੇ।

### ਦੀਵਾਲੀ ਅੱਜ ਜਾਂ ਕੱਲ੍ਹ ?

-ਦੀਵਾਲੀ ਦਾ ਤਿਉਹਾਰ ਮਨਾਉਣ ਪ੍ਰਤੀ ਇਸ ਵਾਰ ਲੋਕਾਂ 'ਚ ਭੰਬਲਭੂਸਾ ਹੈ। ਪੰਜਾਬ ਸਰਕਾਰ ਵਲੋਂ ਦੀਵਾਲੀ ਦੇ ਮੱਦੇਨਜ਼ਰ 20 ਅਕਤੂਬਰ ਨੂੰ ਗਜ਼ਟਿਡ ਛੁੱਟੀ ਕੀਤੀ ਗਈ ਹੈ ਅਤੇ 22 ਅਕਤੂਬਰ ਨੂੰ ਵਿਸ਼ਵਕਰਮਾ ਦਿਵਸ ਹੈ। ਇਸ ਤੋਂ ਪਹਿਲਾਂ ਦੀਵਾਲੀ ਤੋਂ ਅਗਲੇ ਦਿਨ ਵਿਸ਼ਵਕਰਮਾ-ਡੇਅ ਆਉਂਦਾ ਸੀ। ਐਤਕੀਂ ਬੰਦੀ ਛੋੜ ਦਿਵਸ ਵੀ 21 ਅਕਤੂਬਰ ਦਾ ਹੈ। ਇਸੇ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੱਖ ਕੌਮ ਦੇ ਨਾਂਅ ਸੰਦੇਸ਼ ਵੀ ਜਾਰੀ ਕਰਨਗੇ। ਭਾਵੇਂ ਦੀਵਾਲੀ ਦੇਸ਼ ਵਾਸੀਆਂ ਦਾ ਸਰਵ ਸਾਂਝਾ ਤਿਉਹਾਰ ਹੈ ਪਰ ਸਿੱਖਾਂ ਵਲੋਂ ਬੰਦੀ ਛੋੜ ਦਿਵਸ ਕਰਕੇ ਇਸ ਤਿਉਹਾਰ ਨੂੰ ਜ਼ਿਆਦਾ ਉਤਸ਼ਾਹ ਨਾਲ ਮਨਾਇਆ ਜਾਂਦਾ ਰਿਹਾ ਹੈ। ਹੁਣ ਉਹ 21 ਅਕਤੂਬਰ ਨੂੰ ਵੀ ਜਸ਼ਨ ਮਨਾਉਣਗੇ।

### ਬੰਦੀ ਛੋੜ ਦਿਵਸ 'ਤੇ ਛੁੱਟੀ ਕਰਨ ਦੀ ਮੰਗ

-ਉੱਧਰ ਵੱਖ-ਵੱਖ ਸਿੱਖ ਸੰਸਥਾਵਾਂ ਤੇ ਮੁਲਾਜ਼ਮ ਜਥੇਬੰਦੀਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਬੰਦੀ ਛੋੜ ਦਿਵਸ ਮੌਕੇ 21 ਅਕਤੂਬਰ ਨੂੰ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਜਾਵੇ। ਉਨ੍ਹਾਂ ਦਾ ਕਹਿਣਾ ਹੈ ਕਿ ਛੇਵੇਂ ਪਾਤਿਸ਼ਾਹ ਸ੍ਰੀ ਹਰਿਗੋਬਿੰਦ ਸਾਹਿਬ ਜੀ ਵਲੋਂ ਗਵਾਲੀਅਰ ਕਿਲੇ 'ਚੋਂ ਰਿਹਾਈ ਸਮੇਂ 52 ਹਿੰਦੂ ਰਾਜਿਆਂ ਨੂੰ ਵੀ ਆਪਣੇ ਨਾਲ ਰਿਹਾਅ ਕਰਵਾਇਆ ਸੀ ਅਤੇ ਦੀਵਾਲੀ ਵਾਲੇ ਦਿਨ ਇਹ ਰਿਹਾਈ ਹੋਣ ਕਰਕੇ ਸਿੱਖ ਪੰਥ ਵਲੋਂ ਉਦੋਂ ਤੋਂ ਅੱਜ ਤੱਕ ਖ਼ੁਸ਼ੀ ਮਨਾਈ ਜਾਂਦੀ ਹੈ ਪਰ ਇਸ ਵਾਰ ਦੀਵਾਲੀ ਤੇ ਬੰਦੀ ਛੋੜ ਦਿਵਸ ਵੱਖ-ਵੱਖ ਦਿਨ ਮਨਾਏ ਜਾ ਰਹੇ ਹਨ, ਇਸ ਲਈ ਸਰਕਾਰ ਬੰਦੀ ਛੋੜ ਦਿਵਸ ਦੇ ਮੱਦੇਨਜ਼ਰ ਸਰਕਾਰੀ ਛੁੱਟੀ ਐਲਾਨੇ।

# ਪਰਾਲੀ ਨੂੰ ਅੱਗ ਲਗਾਉਣਾ ਸ਼ੌਕ ਨਹੀਂ, ਕਿਸਾਨ ਦੀ ਮਜਬੂਰੀ ਹੈ- ਕਿਸਾਨ ਆਗੂ

**ਪ੍ਰਤੀ ਏਕੜ 2500 ਰੁਪਏ ਮੁਆਵਜ਼ਾ ਦੇਣ ਦੀ ਮੰਗ**



ਬੁਢਲਾਡਾ ਵਿਖੇ ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਦੀ ਇਕੱਤਰਤਾ ਮੌਕੇ ਆਗੂ। ਤਸਵੀਰ : ਟੋਨੀ ਬੁਢਲਾਡਾ

ਬੁਢਲਾਡਾ, 19 ਅਕਤੂਬਰ (ਸਵਰਨ ਸਿੰਘ ਰਾਹੀ)- ਸੰਯੁਕਤ ਕਿਸਾਨ ਮੋਰਚੇ ਦੀਆਂ ਜਥੇਬੰਦੀਆਂ ਦੀ ਮੀਟਿੰਗ ਦੌਰਾਨ ਇੱਥੇ ਆਗੂਆਂ ਨੇ ਪੰਜਾਬ ਸਰਕਾਰ ਵਲੋਂ ਕਿਸਾਨਾਂ ਖ਼ਿਲਾਫ਼ ਪਰਾਲੀ ਨੂੰ ਲੈ ਕੇ ਸਖ਼ਤੀ ਕੀਤੇ ਜਾਣ ਦੇ ਹੁਕਮਾਂ ਨੂੰ ਸਰਾਸਰ ਧੱਕਾ ਦੱਸਦਿਆਂ ਕਿਹਾ ਕਿ ਜੇਕਰ ਸਰਕਾਰ 10 ਦਸੰਬਰ 2015 ਦੇ ਨੈਸ਼ਨਲ ਗਰੀਨ ਟ੍ਰਿਬਿਊਨਲ ਵਲੋਂ ਕੀਤੇ ਹੁਕਮ ਅਤੇ 6 ਨਵੰਬਰ 2019 ਨੂੰ ਮਾਨਯੋਗ ਸੁਪਰੀਮ ਕੋਰਟ ਵੱਲੋਂ ਸਰਕਾਰਾਂ ਨੂੰ ਕੀਤੇ ਹੁਕਮਾਂ ਅਨੁਸਾਰ ਕਿਸਾਨਾਂ ਨੂੰ 2500 ਰੁਪਏ ਪ੍ਰਤੀ ਏਕੜ ਪਰਾਲੀ ਦੀ ਸਾਂਭ ਸੰਭਾਲ ਲਈ ਸਹਾਇਤਾ ਦਿੱਤੀ ਜਾਵੇ ਤਾਂ ਕਿਸਾਨਾਂ ਵਲੋਂ ਵੀ ਪਰਾਲੀ ਨੂੰ ਅੱਗ ਨਹੀਂ ਲਾਈ ਜਾਵੇਗੀ। ਕਿਸਾਨ ਆਗੂ ਦਿਲਬਾਗ ਸਿੰਘ ਕਲੀਪੁਰ, ਕੁਲਦੀਪ ਸਿੰਘ ਚੱਕ ਭਾਈਕੇ, ਪਰਸ਼ੋਤਮ ਸਿੰਘ ਗਿੱਲ, ਅਮਰੀਕ ਸਿੰਘ ਫਫੜੇ ਭਾਈਕੇ, ਸ਼ਿੰਗਾਰਾ ਸਿੰਘ ਦੋਦੜਾ, ਰਾਮ ਸਿੰਘ, ਲਛਮਣ ਸਿੰਘ ਚੱਕ ਅਲੀਸ਼ੇਰ, ਬਲਦੇਵ ਸਿੰਘ ਪਿੱਪਲੀਆਂ, ਜਗਰਾਜ ਸਿੰਘ ਅਹਿਮਦਪੁਰ, ਦਰਸ਼ਨ ਸਿੰਘ ਤਾਲਬਵਾਲਾ ਤੇ ਲਾਭ ਸਿੰਘ ਬੁਢਲਾਡਾ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਪਰਾਲੀ ਦੀਆਂ ਗੱਠਾਂ ਬਣਾਉਣ ਲਈ ਸਮੇਂ ਸਿਰ ਵੇਲਰਾਂ ਦਾ ਪ੍ਰਬੰਧ ਤਾਂ ਜੋ ਕਿਸਾਨ ਸਮੇਂ ਸਿਰ ਆਪਣੀ ਕਣਕ ਦੀ ਬਿਜਾਈ ਕਰ ਸਕਣ। ਜੇਕਰ ਸਰਕਾਰ ਵਲੋਂ ਕਿਸਾਨਾਂ ਨੂੰ ਕੋਈ ਸਹਾਇਤਾ ਨਹੀਂ ਦਿੱਤੀ ਜਾਂਦੀ ਤਾਂ ਪਰਾਲੀ ਨੂੰ ਅੱਗ ਲਾਉਣਾ ਕਿਸਾਨਾਂ ਦੀ ਮਜਬੂਰੀ ਬਣ ਜਾਵੇਗੀ। ਆਗੂਆਂ ਨੇ ਕਿਹਾ ਕਿ ਜੇਕਰ ਪੰਜਾਬ ਸਰਕਾਰ ਵਲੋਂ ਕਿਸਾਨਾਂ ਖ਼ਿਲਾਫ਼ ਕਿਸੇ ਵੀ ਕਿਸਮ ਦੀ ਕੋਈ ਕਾਰਵਾਈ ਕੀਤੀ ਜਾਂਦੀ ਹੈ ਤਾਂ ਸੰਯੁਕਤ ਕਿਸਾਨ ਮੋਰਚੇ ਵਲੋਂ ਇਸ ਦਾ ਡਟਵਾਂ ਵਿਰੋਧ ਕੀਤਾ ਜਾਵੇਗਾ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਝੋਨੇ ਦੀ ਖ਼ਰੀਦ ਸਮੇਂ ਸਿੱਲ੍ਹ ਦੀ ਮਾਤਰਾ 17 ਫ਼ੀਸਦੀ ਤੋਂ ਵਧਾ ਕੇ 22 ਫ਼ੀਸਦੀ ਕੀਤੀ ਜਾਵੇ, ਕਣਕ ਦੀ ਬਿਜਾਈ ਲਈ ਡੀ.ਏ.ਪੀ. ਖਾਦ ਦੀ ਭਾਰੀ ਕਿੱਲਤ ਦੂਰ ਕੀਤੀ ਜਾਵੇ, ਡੀ.ਏ.ਪੀ. ਖਾਦ ਨਾਲ ਦੁਕਾਨਦਾਰਾਂ ਵਲੋਂ ਕਿਸਾਨਾਂ ਨੂੰ ਦਿੱਤੀਆਂ ਜਾਂਦੀਆਂ ਬੇਲੋੜੀਆਂ ਚੀਜ਼ਾਂ ਰੋਕਣ ਲਈ ਸਖ਼ਤ ਹਦਾਇਤਾਂ ਜਾਰੀ ਕੀਤੀਆਂ ਜਾਣ।

# ਭੀਖੀ ਕਾਲਜ 'ਚ ਦੀਵਾਲੀ ਦੇ ਤਿਉਹਾਰ ਦੇ ਮੱਦੇਨਜ਼ਰ ਸਮਾਗਮ ਕਰਵਾਇਆ



ਨੈਸ਼ਨਲ ਕਾਲਜ ਭੀਖੀ ਵਿਖੇ ਸਮਾਗਮ ਦੌਰਾਨ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਦੇ ਹੋਏ ਵਿਦਿਆਰਥੀ। ਤਸਵੀਰ : ਬਲਕਾਰ ਸਿੰਘ ਸਹੋਤਾ

ਭੀਖੀ, 19 ਅਕਤੂਬਰ (ਬਲਕਾਰ ਸਿੰਘ ਸਹੋਤਾ)- ਸਥਾਨਕ ਨੈਸ਼ਨਲ ਕਾਲਜ ਵਿਖੇ ਦੀਵਾਲੀ ਦੇ ਤਿਉਹਾਰ ਦੇ ਮੱਦੇਨਜ਼ਰ ਸਮਾਗਮ ਕਰਵਾਇਆ ਗਿਆ। ਵਿਦਿਆਰਥੀਆਂ ਦੇ ਵੱਖ-ਵੱਖ ਮੁਕਾਬਲੇ ਕਰਵਾਏ ਗਏ। ਪੋਸਟਰ ਮੇਕਿੰਗ ਵਿਚ ਦਿਲਪ੍ਰੀਤ ਕੌਰ, ਗਗਨਦੀਪ ਕੌਰ, ਕੈਂਡਲ ਮੇਕਿੰਗ 'ਚ ਇਕਬਾਲ ਸਿੰਘ, ਰਮਨਦੀਪ ਕੌਰ, ਮਹਿੰਦੀ ਮੁਕਾਬਲੇ ਵਿਚ ਗੀਤਾ ਦੇਵੀ, ਕਰਨ ਸਿੰਘ, ਰਾਈਟਿੰਗ ਮੁਕਾਬਲੇ ਵਿਚ ਅੰਮ੍ਰਿਤਪਾਲ ਸਿੰਘ, ਗੀਤਾ ਦੇਵੀ ਨੇ ਕ੍ਰਮਵਾਰ ਪਹਿਲਾ, ਦੂਜਾ ਸਥਾਨ ਹਾਸਲ ਕੀਤਾ ਜਦਕਿ ਰੰਗੋਲੀ 'ਚ ਹਰਮਨਦੀਪ ਕੌਰ ਤੇ ਪੁਨੀਤ ਕੌਰ ਨੇ ਪਹਿਲਾ, ਸੁਖਪ੍ਰੀਤ ਕੌਰ, ਜਸਕੀਰਤ ਕੌਰ, ਪਰਮਿੰਦਰ ਕੌਰ ਤੇ ਜਸਪ੍ਰੀਤ ਕੌਰ ਦੂਜਾ ਸਥਾਨ ਮੱਲਿਆ। ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਅਤੇ ਟਰਾਫ਼ੀ ਦੇ ਕੇ ਸਨਮਾਨਿਤ ਕੀਤਾ ਗਿਆ। ਕਾਲਜ ਦੇ ਪ੍ਰਧਾਨ ਹਰਬੰਸ ਦਾਸ ਬਾਵਾ ਨੇ ਸਾਰੇ ਵਿਦਿਆਰਥੀਆਂ ਅਤੇ ਸਟਾਫ਼ ਨੂੰ ਦੀਵਾਲੀ ਦੇ ਤਿਉਹਾਰ 'ਤੇ ਸ਼ੁੱਭਕਾਮਨਾਵਾਂ ਦਿੱਤੀਆਂ। ਸਮਾਗਮ ਦੌਰਾਨ ਵਿਦਿਆਰਥੀਆਂ ਵਲੋਂ ਸਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਪ੍ਰਿੰਸੀਪਲ ਡਾ. ਐੱਮ ਕੇ ਮਿਸ਼ਰਾ, ਸਹਾਇਕ ਪ੍ਰੋਫੈਸਰ ਗੁਰਤੇਜ ਸਿੰਘ ਤੇਜੀ ਨੇ ਦੱਸਿਆ ਕਿ ਕਾਲਜ ਸਿਰਫ਼ ਪੜ੍ਹਾਈ ਵਿਚ ਨਹੀਂ ਸਗੋਂ ਹਰ ਖੇਤਰ 'ਚ ਮੋਹਰੀ ਹੈ। ਮੰਚ ਸੰਚਾਲਨ ਪ੍ਰੋ. ਜਸਵਿੰਦਰ ਸਿੰਘ ਨੇ ਕੀਤਾ। ਪੰਜਾਬੀ ਗਾਇਕਾ ਕਿਰਨ ਸ਼ਰਮਾ ਤੇ ਪੰਜਾਬੀ ਗਾਇਕ ਸਰਬਾ ਮਾਨ ਨੇ ਫਨ ਦਾ ਮੁਜ਼ਾਰਾ ਕੀਤਾ। ਇਸ ਮੌਕੇ ਪ੍ਰੋ. ਹੈਪੀ ਸਿੰਘ, ਪ੍ਰੋ. ਸ਼ਾਮੀਨਾ ਰਾਣੀ, ਪ੍ਰੋ. ਸੰਟੀ ਕੁਮਾਰ, ਪ੍ਰੋ. ਸੁਖਪਾਲ ਕੌਰ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਅਵਤਾਰ ਸਿੰਘ, ਪ੍ਰੋ. ਹਰਬੰਸ ਸਿੰਘ, ਨਿਰਮਲ ਸਿੰਘ, ਪ੍ਰੋ. ਕਰਮਜੀਤ ਕੌਰ ਆਦਿ ਹਾਜ਼ਰ ਸਨ।

# ਜ਼ਿਲ੍ਹਾ ਮੈਜਿਸਟ੍ਰੇਟ ਵਲੋਂ ਪਾਬੰਦੀਆਂ ਦੇ ਹੁਕਮ ਜਾਰੀ

ਮਾਨਸਾ, 19 ਅਕਤੂਬਰ (ਸ.ਰਿ)- ਜ਼ਿਲ੍ਹਾ ਮੈਜਿਸਟ੍ਰੇਟ-ਕਮ-ਡਿਪਟੀ ਕਮਿਸ਼ਨਰ ਮਾਨਸਾ ਨਵਜੋਤ ਕੌਰ ਨੇ ਜ਼ਿਲ੍ਹੇ 'ਚ ਅਣ-ਅਧਿਕਾਰਤ ਆਵਾਜ਼ੀ ਪ੍ਰਦੂਸ਼ਣ ਵਾਲੇ ਯੰਤਰਾਂ 'ਤੇ ਪੂਰਨ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਇਕ ਹੋਰ ਹੁਕਮ 'ਚ ਜ਼ਿਲ੍ਹੇ ਦੀ ਹਦੂਦ ਅੰਦਰ ਜੋ ਵੀ ਦੁਕਾਨਦਾਰ ਵਹੀਕਲਾਂ ਦੀਆਂ ਨੰਬਰ ਪਲੇਟਾਂ ਤਿਆਰ ਕਰਦੇ ਜਾਂ ਬਣਾਉਂਦੇ ਹਨ, ਨੂੰ ਕਿਹਾ ਗਿਆ ਹੈ ਕਿ ਵਾਹਨਾਂ ਦੀਆਂ ਨੰਬਰ ਪਲੇਟਾਂ ਬਣਾਉਣ ਵਾਲੀਆਂ ਦੁਕਾਨਾਂ 'ਤੇ ਰਜਿਸਟਰ ਲਗਾਇਆ ਜਾਵੇ, ਜਿਸ ਵਿਚ ਨੰਬਰ ਪਲੇਟ ਬਣਾਉਣ ਵਾਲੇ ਦਾ ਪੂਰਾ ਪਤਾ ਤੱਥਾਂ ਸਮੇਤ ਰੱਖਿਆ ਜਾਵੇ। ਇਕ ਹੋਰ ਹੁਕਮ 'ਚ ਮੈਰਿਜ ਪੈਲੇਸਾਂ ਵਿਚ ਅਸਲ੍ਹਾ ਲੈ ਕੇ ਆਉਣ ਦੀ ਵੀ ਮਨਾਹੀ ਕੀਤੀ ਗਈ ਹੈ। ਉਕਤ ਸਾਰੇ ਹੁਕਮ 30 ਨਵੰਬਰ ਤੱਕ ਲਾਗੂ ਰਹਿਣਗੇ।

### 'ਅਜੀਤ' ਉਪ ਦਫ਼ਤਰ ਦਾ ਪਤਾ ਤੇ ਸੰਪਰਕ ਨੰਬਰ

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫੰਡ ਵਿਚ ਯੋਗਦਾਨ ਪਾਉਣ ਲਈ ਅਜੀਤ ਪ੍ਰਕਾਸ਼ਨ ਸਮੂਹ ਦੇ ਹੇਠ ਲਿਖੇ ਉਪ-ਦਫ਼ਤਰ ਵਿਚ ਯੋਗਦਾਨ ਰਾਸ਼ੀ ਜਮ੍ਹਾ ਕਰਵਾ ਕੇ ਰਸੀਦ ਪ੍ਰਾਪਤ ਕੀਤੀ ਜਾਵੇ।

**ਮਾਨਸਾ**

ਸ. ਬਲਵਿੰਦਰ ਸਿੰਘ ਧਾਲੀਵਾਲ 98150-97746
ਗਲੀ ਨੰ: 3, ਕਚਹਿਰੀ ਰੋਡ, 01652-227892
ਸਾਹਮਣੇ ਕਰ ਤੇ ਆਬਕਾਰੀ ਦਫ਼ਤਰ




